## ਆਰੀਆਭੱਟ ਕਾਲਜ ਦੇ ਬੀ. ਐੱਸ. ਸੀ. ਐਗਰੀਕਲਚਰ ਦੇ ਵਿਦਿਆਰਥੀਆਂ ਦੁਆਰਾ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਕਿਸਾਨ ਮੇਲ ਵੇਖਿਆ ਗਿਆ

ਕ੍ਰਿਸ਼ੀ ਵਿਗਿਆਨ ਕੇਂਦਰ ਹੰਡਿਆਇਆ ਵਿਖੇ ਆਯੋਜਿਤ ਕੀਤੇ ਗਏ ਕਿਸਾਨ ਮੇਲਾ ਦਾ ਦੌਰਾ ਕੀਤਾ ਗਿਆ। ਇਸ ਮੇਲੇ ਵਿੱਚ ਸ੍ਰੀ ਧਰਮਪਾਲ ਗੁਪਤਾ, ਆਈ. ਏ. ਐੱਸ., ਡਿਪਟੀ ਕਮਿਸ਼ਨਰ ਬਰਨਾਲਾ ਮੁੱਖ-ਮਹਿਮਾਨ ਵਜੋਂ ਪਹੁੰਚੇ। ਉਹਨਾਂ ਨੇ ਵਿਦਿਆਰਥੀਆਂ ਨੂੰ ਪਰਾਲੀ ਨਾ ਸਾੜਨ ਸਬੰਧੀ , ਜ਼ੀਰੋ ਸੋਲਰ ਸਿਸਟਮ, ਮੱਛੀ ਪਾਲਣ, ਮੁਰਗੀ ਪਾਲਣ, ਸੰਯੁਕਤ ਖੇਤੀ, ਪਸ਼ੂ ਪਾਲਣ, ਡੇਅਰੀ ਧੰਦੇ ਸਬੰਧੀ ਜਾਣਕਾਰੀ ਦਿੱਤੀ। ਇਸ ਮੇਲੇ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਮੋਹਾਲੀ ਅਤੇ ਤਰਨਤਾਰਨ ਦੁਆਰਾ ਹਿੱਸਾ ਲਿਆ ਅਤੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ।

ਵਿਦਿਆਰਥੀਆਂ ਨੇ ਇਸ ਮੇਲੇ ਵਿੱਚ ਲੱਗੀਆਂ ਵੱਖ-ਵੱਖ ਸਟਾਲਾਂ ਤੋਂ ਖੇਤੀ ਬਾੜੀ ਸਬੰਧੀ ਮਹੱਤਵਪੂਰਨ ਜਾਣਕਾਰੀ ਹਾਸਿਲ ਕੀਤੀ। ਵਿਦਿਆਰਥੀਆਂ ਨੇ ਸਟਾਲਾਂ ਤੋਂ ਕਿਤਾਬਾਂ, ਮੈਗਜ਼ੀਨ, ਬੀਜ ਖਰੀਦੇ ਅਤੇ ਖੇਤੀ ਬਾੜੀ ਦੇ ਸੰਦਾਂ ਦੀ ਜਾਣਕਾਰੀ ਵੀ ਹਾਸਿਲ ਕੀਤੀ। ਇਸ ਮੇਲੇ ਵਿੱਚ ਗੁਰੂ ਅੰਗਦ ਦੇਵ ਵੈਟਰਨਿਰੀ ਯੂਨੀਵਰਸਿਟੀ ਲੁਧਿਆਣਾ ਦਾ ਸਟਾਫ ਉਚੇਚੇ ਤੌਰ ਤੇ ਪਹੁੰਚੇ ਹੋਏ ਸਨ, ਜਿਹਨਾਂ ਨੇ ਪਸ਼ੂ ਪਾਲਣ ਜਿਵੇਂ ਕਿ ਮੁਰਗੀ ਪਾਲਣ, ਮੱਛੀ ਪਾਲਣ, ਸੂਰ ਪਾਲਣ ਆਦਿ ਖੇਤੀਬਾੜੀ ਸਹਾਇਕ ਧੰਦਿਆਂ ਦੀ ਮਹੱਤਤਾ ਬਾਰੇ ਦੱਸਿਆ। ਇਸ ਮੇਲੇ ਵਿੱਚ ਆਰੀਆਭੱਟ ਕਾਲਜ ਦੇ ਵਿਦਿਆਰਥੀਆਂ ਨੇ ਹਾੜੀ ਦੀਆਂ ਫਸਲਾਂ ਸਬੰਧੀ ਵਿਸ਼ੇਸ਼ ਤੌਰ ਤੇ ਜਾਣਕਾਰੀ ਹਾਸਿਲ ਕੀਤੀ।

ਇਸ ਮੇਲੇ ਵਿੱਚ ਵਿਦਿਆਰਥੀਆਂ ਨੂੰ ਜਾਣਕਾਰੀ ਦੇਣ ਲਈ ਉਹਨਾਂ ਦੇ ਨਾਲ ਆਰੀਆਭੱਟ ਕਾਲਜ ਦੇ ਐਗਰੀਕਲਚਰ ਵਿਭਾਗ ਦੇ ਪ੍ਰੋ. ਕੁਲਦੀਪ ਸਿੰਘ, ਪ੍ਰੋ. ਗਗਨ ਸੂਦ ਅਤੇ ਪ੍ਰੋ. ਹਰਪ੍ਰੀਤ ਕੌਰ ਹਾਜ਼ਿਰ ਸਨ। ਕਾਲਜ ਦੀ ਪ੍ਰਬੰਧਕੀ ਕਮੇਟੀ ਅਤੇ ਕਾਲਜ ਦੇ ਡਾਇਰੈਕਟਰ ਡਾ. ਅਜੈ ਕੁਮਾਰ ਮਿੱਤਲ ਜੀ ਨੇ ਵਿਦਿਆਰਥੀਆਂ ਨੂੰ ਭਰੋਸਾ ਦਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਇਸ ਤਰਾ ਦੇ ਖੇਤੀ ਬਾੜੀ ਸਬੰਧੀ ਮੇਲੇ ਹੋਰ ਵੀ ਦਿਖਾਏ ਜਾਣਗੇ।

Director
Aryabhatta College
Vill. Cheema-Jodhpur
Bazakhana Road,Barnala